Tape/CD: 1338

# ਪੰਨਾ ੨੧੦

## ਰਾਗੁ ਗਉੜੀ ਚੇਤੀ ੧ ਮਹਲਾ ੫

ਸੁਖੁ ਨਾਹੀ ਰੇ ਹਰਿ ਭਗਤਿ ਬਿਨਾ ॥ ਜੀਤਿ ਜਨਮੁ ਇਹੁ ਰਤਨੁ ਅਮੋਲਕੁ ਸਾਧਸੰਗਤਿ ਜਪਿ ਇਕ ਖਿਨਾ ॥ ੧ ॥ ਰਹਾਉ ॥ ਸੁਤ ਸੰਪਤਿ ਬਨਿਤਾ ਬਿਨੋਦ ॥ ਛੋਡਿ ਗਏ ਬਹੁ ਲੋਗ ਭੋਗ ॥ ੧ ॥ ਹੈਵਰ ਗੈਵਰ ਰਾਜ ਰੰਗ ॥ ਤਿਆਗਿ ਚਲਿਓ ਹੈ ਮੂੜ ਨੰਗ ॥ ੨ ॥ ਚੋਆ ਚੰਦਨ ਦੇਹ ਫੂਲਿਆ ॥ ਸੋ ਤਨੁ ਧਰ ਸੰਗਿ ਰੂਲਿਆ ॥ ੩ ॥ ਮੋਹਿ ਮੋਹਿਆ ਜਾਨੈ ਦੂਰਿ ਹੈ ॥ ਕਹੁ ਨਾਨਕ ਸਦਾ ਹਦੂਰਿ ਹੈ ॥ ੪ ॥ ੧ ॥ ੧੩੯ ॥

Tape/CD: 1338

# ਪੰਨਾ ੧੦੧੯

ਮਾਰੂ ਮਹਲਾ ੫ ॥ ਜੀਵਨਾ ਸਫਲ ਜੀਵਨ ਸੁਨਿ ਹਰਿ ਜਪਿ ਜਪਿ ਸਦ
ਜੀਵਨਾ ॥ ੧ ॥ ਰਹਾਉ ॥ ਪੀਵਨਾ ਜਿਤੁ ਮਨੁ ਆਘਾਵੈ ਨਾਮੁ ਅੰਮ੍ਰਿਤ ਰਸੁ
ਪੀਵਨਾ ॥ ੧ ॥ ਖਾਵਨਾ ਜਿਤੁ ਭੂਖ ਨ ਲਾਗੈ ਸੰਤੋਖਿ ਸਦਾ ਤ੍ਰਿਪਤੀਵਨਾ
॥ ੨ ॥ ਪੈਨਣਾ ਰਖੁ ਪਤਿ ਪਰਮੇਸੁਰ ਫਿਰਿ ਨਾਗੇ ਨਹੀ ਥੀਵਨਾ ॥ ੩ ॥
ਭੋਗਨਾ ਮਨ ਮਧੇ ਹਰਿ ਰਸੁ ਸੰਤਸੰਗਤਿ ਮਹਿ ਲੀਵਨਾ ॥ ੪ ॥ ਬਿਨੁ ਤਾਗੇ
ਬਿਨੁ ਸੂਈ ਆਨੀ ਮਨੁ ਹਰਿ ਭਗਤੀ ਸੰਗਿ ਸੀਵਨਾ ॥ ੫ ॥ ਮਾਤਿਆ ਹਰਿ
ਰਸ ਮਹਿ ਰਾਤੇ ਤਿਸੁ ਬਹੁੜਿ ਨ ਕਬਹੂ ਅਉਖੀਵਨਾ ॥ ੬ ॥ ਮਿਲਿਓ ਤਿਸੁ
ਸਰਬ ਨਿਧਾਨਾ ਪ੍ਰਭਿ ਕ੍ਰਿਪਾਲਿ ਜਿਸੁ ਦੀਵਨਾ ॥ ੭ ॥ ਸੁਖੁ ਨਾਨਕ ਸੰਤਨ
ਕੀ ਸੇਵਾ ਚਰਣ ਸੰਤ ਧੋਇ ਪੀਵਨਾ ॥ ੮ ॥ ੩ ॥ ੬ ॥

Tape/CD: 1338 ਪੰਨਾ ੧੩੨

ਮਾਝ ਮਹਲਾ ੫ ਘਰੁ ੨ ॥ ਨਿਤ ਨਿਤ ਦਯੁ ਸਮਾਲੀਐ ॥ ਮੂਲਿ ਨ ਮਨਹੁ ਵਿਸਾਰੀਐ ॥ ਰਹਾਉ ॥
ਸੰਤਾ ਸੰਗਤਿ ਪਾਈਐ ॥ ਜਿਤੁ ਜਮ ਕੈ ਪੰਥਿ ਨ ਜਾਈਐ ॥ ਤੋਸਾ ਹਰਿ ਕਾ ਨਾਮੁ ਲੈ ਤੇਰੇ ਕੁਲਹਿ ਨ
ਲਾਗੈ ਗਾਲਿ ਜੀਉ ॥ ੧ ॥ ਜੋ ਸਿਮਰੰਦੇ ਸਾਂਈਐ ॥ ਨਰਕਿ ਨ ਸੇਈ ਪਾਈਐ ॥ ਤਤੀ ਵਾਉ ਨ
ਲਗਈ ਜਿਨ ਮਨਿ ਵੁਠਾ ਆਇ ਜੀਉ ॥ ੨ ॥ ਸੇਈ ਸੁੰਦਰ ਸੋਹਣੇ ॥ ਸਾਧਸੰਗਿ ਜਿਨ ਬੈਹਣੇ ॥ ਹਰਿ
ਧਨੁ ਜਿਨੀ ਸੰਜਿਆ ਸੇਈ ਗੰਭੀਰ ਅਪਾਰ ਜੀਉ ॥ ੩ ॥ ਹਰਿ ਅਮਿਉ ਰਸਾਇਣੁ ਪੀਵੀਐ ॥ ਮੁਹਿ
ਡਿਠੈ ਜਨ ਕੈ ਜੀਵੀਐ ॥ ਕਾਰਜ ਸਭਿ ਸਵਾਰਿ ਲੈ ਨਿਤ ਪੂਜਹੁ ਗੁਰ ਕੇ ਪਾਵ ਜੀਉ ॥ ੪ ॥ ਜੋ ਹਰਿ
ਕੀਤਾ ਆਪਣਾ ॥ ਤਿਨਹਿ ਗੁਸਾਈ ਜਾਪਣਾ ॥ ਸੋ ਸੂਰਾ ਪਰਧਾਨੁ ਸੋ ਮਸਤਕਿ ਜਿਸ ਦੈ ਭਾਗੁ ਜੀਉ
॥ ੫ ॥ ਮਨ ਮੰਧੇ ਪ੍ਰਭੁ ਅਵਗਾਹੀਆ ॥ ਏਹਿ ਰਸ ਭੋਗਣ ਪਾਤਿਸਾਹੀਆ ॥ ਮੰਦਾ ਮੂਲਿ ਨ ਉਪਜਿਓ
ਤਰੇ ਸਚੀ ਕਾਰੈ ਲਾਗਿ ਜੀਉ ॥ ੬ ॥ ਕਰਤਾ ਮੰਨਿ ਵਸਾਇਆ ॥ ਜਨਮੈ ਕਾ ਫਲੁ ਪਾਇਆ ॥ ਮਨਿ
ਭਾਵੰਦਾ ਕੰਤੁ ਹਰਿ ਤੇਰਾ ਥਿਰੁ ਹੋਆ ਸੋਹਾਗੁ ਜੀਉ ॥ ੭ ॥ ਅਟਲ ਪਦਾਰਥੁ ਪਾਇਆ ॥ ਭੈ ਭੰਜਨ
ਕੀ ਸਰਣਾਇਆ ॥ ਲਾਇ ਅੰਚਲਿ ਨਾਨਕ ਤਾਰਿਅਨੁ ਜਿਤਾ ਜਨਮੁ ਅਪਾਰ ਜੀਉ
॥ ੮ ॥ ੪ ॥ ੩੮ ॥

Tape/CD: 1338 ਪੰਨਾ ੭੫੧

## ਸੂਹੀ ਮਹਲਾ ੧ ਘਰੁ ੯

ਕਚਾ ਰੰਗੁ ਕਸੁੰਭ ਕਾ ਥੋੜੜਿਆ ਦਿਨ ਚਾਰਿ ਜੀਉ ॥ ਵਿਣੁ ਨਾਵੈ ਭ੍ਰਮਿ ਭੁਲੀਆ ਠਗਿ ਮੁਠੀ ਕੂੜਿਆਰਿ ਜੀਉ ॥ ਸਚੇ ਸੇਤੀ ਰਤਿਆ ਜਨਮੁ ਨ ਦੂਜੀ ਵਾਰ ਜੀਉ ॥ ੧ ॥ ਰੰਗੇ ਕਾ ਕਿਆ ਰੰਗੀਐ ਜੋ ਰਤੇ ਰੰਗੁ ਲਾਇ ਜੀਉ ॥ ਰੰਗਣ ਵਾਲਾ ਸੇਵੀਐ ਸਚੇ ਸਿਉ ਚਿਤੁ ਲਾਇ ਜੀਉ ॥ ੧ ॥ ਰਹਾਉ ॥ ਚਾਰੇ ਕੁੰਡਾ ਜੇ ਭਵਹਿ ਬਿਨੁ ਭਾਗਾ ਧਨੁ ਨਾਹਿ ਜੀਉ ॥ ਅਵਗਣਿ ਮੁਠੀ ਜੇ ਫਿਰਹਿ ਬਧਿਕ ਥਾਇ ਨ ਪਾਹਿ ਜੀਉ ॥ ਗੁਰਿ ਰਾਖੇ ਸੇ ਉਬਰੇ ਸਬਦਿ ਰਤੇ ਮਨ ਮਾਹਿ ਜੀਉ ॥ ੨ ॥ ਚਿਟੇ ਜਿਨ ਕੇ ਕਪੜੇ ਮੈਲੇ ਚਿਤ ਕਠੋਰ ਜੀਉ ॥ ਤਿਨ ਮੁਖਿ ਨਾਮੁ ਨ ਊਪਜੈ ਦੂਜੈ ਵਿਆਪੇ ਚੋਰ ਜੀਉ ॥ ਮੂਲੁ ਨ ਬੂਝਹਿ ਆਪਣਾ ਸੇ ਪਸੂਆ ਸੇ ਢੋਰ ਜੀਉ ॥ ੩ ॥ ਨਿਤ ਨਿਤ ਖੁਸੀਆ ਮਨੁ ਕਰੇ ਨਿਤ ਨਿਤ ਮੰਗੈ ਸੁਖ ਜੀਉ ॥ ਕਰਤਾ ਚਿਤਿ ਨ ਆਵਈ ਫਿਰਿ ਫਿਰਿ ਲਗਹਿ ਦੁਖ ਜੀਉ ॥ ਸੁਖ ਦੁਖ ਦਾਤਾ ਮਨਿ ਵਸੈ ਤਿਤੁ ਤਨਿ ਕੈਸੀ ਭੁਖ ਜੀਉ ॥ ੪ ॥ ਬਾਕੀ ਵਾਲਾ ਤਲਬੀਐ ਸਿਰਿ ਮਾਰੇ ਜੰਦਾਰੁ ਜੀਉ ॥ ਲੇਖਾ ਮੰਗੈ ਦੇਵਣਾ ਪੁਛੈ ਕਰਿ ਬੀਚਾਰੁ ਜੀਉ ॥ ਸਚੇ ਕੀ ਲਿਵ ਉਬਰੈ ਬਖਸੇ ਬਖਸਣਹਾਰੁ ਜੀਉ ॥ ੫ ॥ ਅਨ ਕੋ ਕੀਜੈ ਮਿਤੜਾ ਖਾਕੁ ਰਲੈ ਮਰਿ ਜਾਇ ਜੀਉ ॥ ਬਹੁ ਰੰਗ ਦੇਖਿ ਭੁਲਾਇਆ ਭੁਲਿ ਭੁਲਿ ਆਵੈ ਜਾਇ ਜੀਉ ॥ ਨਦਰਿ ਪ੍ਰਭੂ ਤੇ ਛੁਟੀਐ ਨਦਰੀ ਮੇਲਿ ਮਿਲਾਇ ਜੀਉ ॥ ੬ ॥ ਗਾਫਲ ਗਿਆਨ ਵਿਹੂਣਿਆ ਗੁਰ ਬਿਨੁ ਗਿਆਨੁ ਨ ਭਾਲਿ ਜੀਉ ॥ ਖਿੰਚੋਤਾਣਿ ਵਿਗੁਚੀਐ ਬੁਰਾ ਭਲਾ ਦੁਇ ਨਾਲਿ ਜੀਉ ॥ ਬਿਨੁ ਸਬਦੈ ਭੈ ਰਤਿਆ ਸਭ ਜੋਹੀ ਜਮਕਾਲਿ ਜੀਉ ॥ ੭ ॥ ਜਿਨਿ ਕਰਿ ਕਾਰਣੁ ਧਾਰਿਆ ਸਭਸੈ ਦੇਇ ਆਧਾਰੁ ਜੀਉ ॥ ਸੋ ਕਿਉ ਮਨਹੁ ਵਿਸਾਰੀਐ ਸਦਾ ਸਦਾ ਦਾਤਾਰੁ ਜੀਉ ॥ ਨਾਨਕ ਨਾਮੁ ਨ ਵੀਸਰੈ ਨਿਧਾਰਾ ਆਧਾਰੁ ਜੀਉ ॥ ੮ ॥ ੧ ॥ ੨ ॥

Tape/CD: 1338

ਪੰਨਾ ੧੧੬੦

ਜਲ ਮਹਿ ਮੀਨ ਮਾਇਆ ਕੇ ਬੇਧੇ ॥ ਦੀਪਕ ਪਤੰਗ ਮਾਇਆ ਕੇ ਛੇਦੇ ॥ ਕਾਮ ਮਾਇਆ ਕੁੰਚਰ ਕਉ ਬਿਆਪੈ ॥ ਭੁਇਅੰਗਮ ਭ੍ਰਿੰਗ ਮਾਇਆ ਮਹਿ ਖਾਪੇ ॥ ੧ ॥ ਮਾਇਆ ਐਸੀ ਮੋਹਨੀ ਭਾਈ ॥ ਜੇਤੇ ਜੀਅ ਤੇਤੇ ਡਹਕਾਈ ॥ ੧ ॥ ਰਹਾਉ ॥ ਪੰਖੀ ਮ੍ਰਿਗ ਮਾਇਆ ਮਹਿ ਰਾਤੇ ॥ ਸਾਕਰ ਮਾਖੀ ਅਧਿਕ ਸੰਤਾਪੇ ॥ ਤੁਰੇ ਉਸਟ ਮਾਇਆ ਮਹਿ ਭੇਲਾ ॥ ਸਿਧ ਚਉਰਾਸੀਹ ਮਾਇਆ ਮਹਿ ਖੇਲਾ ॥ ੨ ॥ ਛਿਅ ਜਤੀ ਮਾਇਆ ਕੇ ਬੰਦਾ ॥ ਨਵੈ ਨਾਥ ਸੂਰਜ ਅਰੁ ਚੰਦਾ ॥ ਤਪੇ ਰਖੀਸਰ ਮਾਇਆ ਮਹਿ ਸੂਤਾ ॥ ਮਾਇਆ ਮਹਿ ਕਾਲੁ ਅਰੁ ਪੰਚ ਦੂਤਾ ॥ ੩ ॥ ਸੁਆਨ ਸਿਆਲ ਮਾਇਆ ਮਹਿ ਰਾਤਾ ॥ ਬੰਤਰ ਚੀਤੇ ਅਰੁ ਸਿੰਘਾਤਾ ॥ ਮਾਂਜਾਰ ਗਾਡਰ ਅਰੁ ਲੂਬਰਾ ॥ ਬਿਰਖ ਮੂਲ ਮਾਇਆ ਮਹਿ ਪਰਾ ॥ ੪ ॥ ਮਾਇਆ ਅੰਤਰਿ ਭੀਨੇ ਦੇਵ ॥ ਸਾਗਰ ਇੰਦ੍ਰਾ ਅਰੁ ਧਰਤੇਵ ॥ ਕਹਿ ਕਬੀਰ ਜਿਸੁ ਉਦਰੁ ਤਿਸੁ ਮਾਇਆ ॥ ਤਬ ਛੂਟੇ ਜਬ ਸਾਧੂ ਪਾਇਆ ॥ ੫ ॥ ੫ ॥ ੧੩ ॥

Tape/CD: 1338

# ਪੰਨਾ ੨੦੫-੨੦੬

ਗਉੜੀ ਮਹਲਾ ੫ ॥ ਰਾਖੁ ਪਿਤਾ ਪ੍ਰਭ ਮੇਰੇ ॥ ਮੋਹਿ ਨਿਰਗੁਨੁ ਸਭ ਗੁਨ ਤੇਰੇ ॥ ੧ ॥ ਰਹਾਉ ॥ ਪੰਚ ਬਿਖਾਦੀ ਏਕੁ ਗਰੀਬਾ ਰਾਖਹੁ ਰਾਖਨਹਾਰੇ ॥ ਖੇਦੁ ਕਰਹਿ ਅਰੁ ਬਹੁਤੁ ਸੰਤਾਵਹਿ ਆਇਓ ਸਰਨਿ ਤੁਹਾਰੇ ॥ ੧ ॥ ਕਰਿ ਕਰਿ ਹਾਰਿਓ ਅਨਿਕ ਬਹੁ ਭਾਤੀ ਛੋਡਹਿ ਕਤਹੂੰ ਨਾਹੀ ॥ ਏਕ ਬਾਤ ਸੁਨਿ ਤਾਕੀ ਓਟਾ ਸਾਧਸੰਗਿ ਮਿਟਿ ਜਾਹੀ ॥ ੨ ॥ ਕਰਿ ਕਿਰਪਾ ਸੰਤ ਮਿਲੇ ਮੋਹਿ ਤਿਨ ਤੇ ਧੀਰਜੁ ਪਾਇਆ ॥ ਸੰਤੀ ਮੰਤੁ ਦੀਓ ਮੋਹਿ ਨਿਰਭਉ ਗੁਰ ਕਾ ਸਬਦੁ ਕਮਾਇਆ ॥ ੩ ॥ ਜੀਤਿ ਲਏ ਓਇ ਮਹਾ ਬਿਖਾਦੀ ਸਹਜ ਸੁਹੇਲੀ ਬਾਣੀ ॥ ਕਹੁ ਨਾਨਕ ਮਨਿ ਭਇਆ ਪਰਗਾਸਾ ਪਾਇਆ ਪਦੁ ਨਿਰਬਾਣੀ ॥ ੪ ॥ ੪ ॥ ੧੨੫ ॥